# ਸੋ ਦਰੁ ਰਾਗੁ ਆਸਾ ਮਹਲਾ ੧

## ੧ੴ ਸਤਿਗੁਰ ਪ੍ਰਸਾਦਿ ॥

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ

ਧਰਮੁ ਬੀਚਾਰੇ ॥ ਗਾਵਨਿ ਤੁਧਨੋ
ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ
ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ
ਇੰਦ੍ਰਾਸਣਿ ਬੈਠੇ ਦੇਵਤਿਆ ਦਰਿ
ਨਾਲੇ ॥ ਗਾਵਨਿ ਤੁਧਨੋ ਸਿਧ ਸਮਾਧੀ
ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ
॥ ਗਾਵਨਿ ਤੁਧਨੋ ਜਤੀ ਸਤੀ ਸੰਤੋਖੀ
ਗਾਵਨਿ ਤੁਧਨੋ ਵੀਰ ਕਰਾਰੇ ॥
ਗਾਵਨਿ ਤੁਧਨੋ ਪੰਡਿਤ ਪੜਨਿ
ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥
ਗਾਵਨਿ ਤੁਧਨੋ ਮੋਹਣੀਆ ਮਨੁ
ਮੋਹਨਿ ਸੁਰਗੁ ਮਛੁ ਪਇਆਲੇ ॥

ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ ॥ ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ

ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥ ੧ ॥

ਆਸਾ ਮਹਲਾ ੧ ॥ ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ

ਸਮਾਇ ॥ ੧ ॥ ਵਡੇ ਮੇਰੇ ਸਾਹਿਬਾ
ਗਹਿਰ ਗੰਭੀਰਾ ਗੁਣੀ ਗਹੀਰਾ ॥
ਕੋਇ ਨ ਜਾਣੈ ਤੇਰਾ ਕੇਤਾ ਕੇਵਡੁ
ਚੀਰਾ ॥ ੧ ॥ ਰਹਾਉ ॥ ਸਭਿ
ਸੁਰਤੀ ਮਿਲਿ ਸੁਰਤਿ ਕਮਾਈ ॥
ਸਭ ਕੀਮਤਿ ਮਿਲਿ ਕੀਮਤਿ ਪਾਈ
॥ ਗਿਆਨੀ ਧਿਆਨੀ ਗੁਰ ਗੁਰਹਾਈ
॥ ਕਹਣੁ ਨ ਜਾਈ ਤੇਰੀ ਤਿਲੁ
ਵਡਿਆਈ ॥ ੨ ॥ ਸਭਿ ਸਤ ਸਭਿ
ਤਪ ਸਭਿ ਚੰਗਿਆਈਆ ॥ ਸਿਧਾ
ਪੁਰਖਾ ਕੀਆ ਵਡਿਆਈਆ ॥ ਤੁਧੁ
ਵਿਣੁ ਸਿਧੀ ਕਿਨੈ ਨ ਪਾਈਆ ॥

ਕਰਮਿ ਮਿਲੈ ਨਾਹੀ ਠਾਕਿ ਰਹਾਈਆ
॥ ੩ ॥ ਆਖਣ ਵਾਲਾ ਕਿਆ
ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ
॥ ਜਿਸੁ ਤੂ ਦੇਹਿ ਤਿਸੈ ਕਿਆ
ਚਾਰਾ ॥ ਨਾਨਕ ਸਚੁ ਸਵਾਰਣਹਾਰਾ
॥ ੪ ॥ ੨ ॥ ਆਸਾ ਮਹਲਾ ੧ ॥
ਆਖਾ ਜੀਵਾ ਵਿਸਰੈ ਮਰਿ ਜਾਉ ॥
ਆਖਣਿ ਅਉਖਾ ਸਾਚਾ ਨਾਉ ॥
ਸਾਚੇ ਨਾਮ ਕੀ ਲਾਗੈ ਭੂਖ ॥ ਉਤੁ
ਭੂਖੈ ਖਾਇ ਚਲੀਅਹਿ ਦੂਖ ॥ ੧ ॥
ਸੋ ਕਿਉ ਵਿਸਰੈ ਮੇਰੀ ਮਾਇ ॥
ਸਾਚਾ ਸਾਹਿਬੁ ਸਾਚੈ ਨਾਇ ॥ ੧ ॥

ਰਹਾਉ ॥ ਸਾਚੇ ਨਾਮ ਕੀ ਤਿਲੁ
ਵਡਿਆਈ ॥ ਆਖਿ ਥਕੇ ਕੀਮਤਿ
ਨਹੀ ਪਾਈ ॥ ਜੇ ਸਭਿ ਮਿਲਿ ਕੈ
ਆਖਣ ਪਾਹਿ ॥ ਵਡਾ ਨ ਹੋਵੈ ਘਾਟਿ
ਨ ਜਾਇ ॥ ੨ ॥ ਨਾ ਓਹੁ ਮਰੈ ਨ
ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ
॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ
ਕੋ ਹੋਆ ਨਾ ਕੋ ਹੋਇ ॥ ੩ ॥ ਜੇਵਡੁ
ਆਪਿ ਤੇਵਡ ਤੇਰੀ ਦਾਤਿ ॥ ਜਿਨਿ
ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ
ਵਿਸਾਰਹਿ ਤੇ ਕਮਜਾਤਿ ॥ ਨਾਨਕ
ਨਾਵੈ ਬਾਝੁ ਸਨਾਤਿ ॥ ੪ ॥ ੩ ॥

ਰਾਗੁ ਗੂਜਰੀ ਮਹਲਾ ੪ ॥ ਹਰਿ ਕੇ
ਜਨ ਸਤਿਗੁਰ ਸਤਪੁਰਖਾ ਬਿਨਉ
ਕਰਉ ਗੁਰ ਪਾਸਿ ॥ ਹਮ ਕੀਰੇ
ਕਿਰਮ ਸਤਿਗੁਰ ਸਰਣਾਈ ਕਰਿ
ਦਇਆ ਨਾਮੁ ਪਰਗਾਸਿ ॥ ੧ ॥
ਮੇਰੇ ਮੀਤ ਗੁਰਦੇਵ ਮੋ ਕਉ ਰਾਮ
ਨਾਮੁ ਪਰਗਾਸਿ ॥ ਗੁਰਮਤਿ ਨਾਮੁ
ਮੇਰਾ ਪ੍ਰਾਨ ਸਖਾਈ ਹਰਿ ਕੀਰਤਿ
ਹਮਰੀ ਰਹਰਾਸਿ ॥ ੧ ॥ ਰਹਾਉ ॥
ਹਰਿ ਜਨ ਕੇ ਵਡ ਭਾਗ ਵਡੇਰੇ ਜਿਨ
ਹਰਿ ਹਰਿ ਸਰਧਾ ਹਰਿ ਪਿਆਸ ॥
ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ

ਮਿਲਿ ਸੰਗਤਿ ਗੁਣ ਪਰਗਾਸਿ
॥ ੨ ॥ ਜਿਨ ਹਰਿ ਹਰਿ ਹਰਿ ਰਸੁ
ਨਾਮੁ ਨ ਪਾਇਆ ਤੇ ਭਾਗਹੀਣ ਜਮ
ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ
ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ
ਜੀਵਾਸਿ ॥ ੩ ॥ ਜਿਨ ਹਰਿ ਜਨ
ਸਤਿਗੁਰ ਸੰਗਿਤ ਪਾਈ ਤਿਨ ਧੁਰਿ
ਮਸਤਕਿ ਲਿਖਿਆ ਲਿਖਾਸਿ ॥ ਧਨੁ
ਧੰਨੁ ਸਤਸੰਗਿਤ ਜਿਤੁ ਹਰਿ ਰਸੁ
ਪਾਇਆ ਮਿਲਿ ਜਨ ਨਾਨਕ ਨਾਮੁ
ਪਰਗਾਸਿ ॥ ੪ ॥ ੪ ॥ ਰਾਗੁ
ਗੂਜਰੀ  ਮਹਲਾ ੫ ॥ ਕਾਹੇ ਰੇ ਮਨ

ਚਿਤਵਹਿ ਉਦਮੁ ਜਾ ਆਹਰਿ ਹਰਿ
ਜੀਉ ਪਰਿਆ ॥ ਸੈਲ ਪਥਰ ਮਹਿ
ਜੰਤ ਉਪਾਏ  ਤਾ ਕਾ ਰਿਜਕੁ ਆਗੈ
ਕਰਿ ਧਰਿਆ ॥ ੧ ॥ ਮੇਰੇ ਮਾਧਉ
ਜੀ ਸਤਸੰਗਤਿ ਮਿਲੇ ਸੁ ਤਰਿਆ ॥
ਗੁਰ ਪਰਸਾਦਿ ਪਰਮ ਪਦੁ ਪਾਇਆ
ਸੂਕੇ ਕਾਸਟ ਹਰਿਆ ॥ ੧ ॥ ਰਹਾਉ
॥ ਜਨਨਿ ਪਿਤਾ ਲੋਕ ਸੁਤ ਬਨਿਤਾ
ਕੋਇ ਨ ਕਿਸ ਕੀ ਧਰਿਆ ॥ ਸਿਰਿ
ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ
ਮਨ ਭਉ ਕਰਿਆ ॥ ੨ ॥ ਊਡੇ
ਊਡਿ ਆਵੈ ਸੈ ਕੋਸਾ ਤਿਸੁ ਪਾਛੈ

ਬਚਰੇ ਛਰਿਆ ॥ ਤਿਨ ਕਵਣੁ
ਖਲਾਵੈ ਕਵਣੁ ਚੁਗਾਵੈ ਮਨ ਮਹਿ
ਸਿਮਰਨੁ ਕਰਿਆ ॥ ੩ ॥ ਸਭਿ
ਨਿਧਾਨ ਦਸ ਅਸਟ ਸਿਧਾਨ ਠਾਕੁਰ
ਕਰ ਤਲ ਧਰਿਆ ॥ ਜਨ ਨਾਨਕ
ਬਲਿ ਬਲਿ ਸਦ ਬਲਿ ਜਾਈਐ ਤੇਰਾ
ਅੰਤੁ ਨ ਪਾਰਾਵਰਿਆ ॥ ੪ ॥ ੫ ॥
ਰਾਗੁ ਆਸਾ ਮਹਲਾ ੪ ਸੋ ਪੁਰਖੁ
ੴ ਸਤਿਗੁਰ ਪ੍ਰਸਾਦਿ ॥ ਸੋ ਪੁਰਖੁ
ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ
ਅਗਮਾ ਅਗਮ ਅਪਾਰਾ ॥ ਸਭਿ
ਧਿਆਵਹਿ ਸਭਿ ਧਿਆਵਹਿ ਤੁਧੁ ਜੀ

ਹਰਿ ਸਚੇ ਸਿਰਜਣਹਾਰਾ ॥ ਸਭਿ
ਜੀਅ ਤੁਮਾਰੇ ਜੀ ਤੂੰ ਜੀਆ ਕਾ
ਦਾਤਾਰਾ ॥ ਹਰਿ ਧਿਆਵਹੁ ਸੰਤਹੁ
ਜੀ ਸਭਿ ਦੂਖ ਵਿਸਾਰਣਹਾਰਾ ॥
ਹਰਿ ਆਪੇ ਠਾਕੁਰੁ ਹਰਿ ਆਪੇ
ਸੇਵਕੁ ਜੀ  ਕਿਆ ਨਾਨਕ ਜੰਤ
ਵਿਚਾਰਾ ॥ ੧ ॥ ਤੂੰ ਘਟ ਘਟ
ਅੰਤਰਿ ਸਰਬ ਨਿਰੰਤਰਿ ਜੀ ਹਰਿ
ਏਕੋ ਪੁਰਖੁ ਸਮਾਣਾ ॥ ਇਕਿ
ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ
ਚੋਜ ਵਿਡਾਣਾ ॥ ਤੂੰ ਆਪੇ ਦਾਤਾ
ਆਪੇ ਭੁਗਤਾ ਜੀ ਹਉ ਤੁਧੁ ਬਿਨੁ

ਅਵਰੁ ਨ ਜਾਣਾ ॥ ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ ॥ ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ ॥ ੨ ॥ ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖਵਾਸੀ ॥ ਸੇ ਮੁਕਤੁ ਸੇ ਮੁਕਤੁ ਭਏ ਜਿਨ ਹਰਿ ਧਿਆਇਆ ਜੀ ਤਿਨ ਤੂਟੀ ਜਮ ਕੀ ਫਾਸੀ ॥ ਜਿਨ ਨਿਰਭਉ ਜਿਨ ਹਰਿ ਨਿਰਭਉ ਧਿਆਇਆ ਜੀ ਤਿਨ ਕਾ ਭਉ ਸਭੁ ਗਵਾਸੀ ॥ ਜਿਨ ਸੇਵਿਆ

ਜਿਨ ਸੇਵਿਆ ਮੇਰਾ ਹਰਿ ਜੀ ਤੇ
ਹਰਿ ਹਰਿ ਰੂਪਿ ਸਮਾਸੀ ॥ ਸੇ ਧੰਨੁ
ਸੇ ਧੰਨੁ ਜਿਨ ਹਰਿ ਧਿਆਇਆ ਜੀ
ਜਨੁ ਨਾਨਕੁ ਤਿਨ ਬਲਿ ਜਾਸੀ
॥ ੩ ॥ ਤੇਰੀ ਭਗਤਿ ਤੇਰੀ ਭਗਤਿ
ਭੰਡਾਰ ਜੀ ਭਰੇ ਬਿਅੰਤ ਬੇਅੰਤਾ ॥
ਤੇਰੇ ਭਗਤ ਤੇਰੇ ਭਗਤ ਸਲਾਹਨਿ
ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ
॥ ਤੇਰੀ ਅਨਿਕ ਤੇਰੀ ਅਨਿਕ
ਕਰਹਿ ਹਰਿ ਪੂਜਾ ਜੀ ਤਪੁ ਤਾਪਹਿ
ਜਪਹਿ ਬੇਅੰਤਾ ॥ ਤੇਰੇ ਅਨੇਕ ਤੇਰੇ
ਅਨੇਕ ਪੜਹਿ ਬਹੁ ਸਿਮ੍ਰਿਤਿ ਸਾਸਤ

ਜੀ ਕਰਿ ਕਿਰਿਆ ਖਟੁ ਕਰਮ
ਕਰੰਤਾ ॥ ਸੇ ਭਗਤ ਸੇ ਭਗਤ ਭਲੇ
ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ
ਭਗਵੰਤਾ ॥ ੪ ॥ ਤੂੰ ਆਦਿ ਪੁਰਖੁ
ਅਪਰੰਪਰੁ ਕਰਤਾ ਜੀ ਤੁਧੁ ਜੇਵਡੁ
ਅਵਰੁ ਨ ਕੋਈ ॥ ਤੂੰ ਜੁਗੁ ਜੁਗੁ ਏਕੋ
ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ
ਕਰਤਾ ਸੋਈ ॥ ਤੁਧੁ ਆਪੇ ਭਾਵੈ
ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ
ਹੋਈ ॥ ਤੁਧੁ ਆਪੇ ਸ੍ਰਿਸਟਿ ਸਭ
ਉਪਾਈ ਜੀ ਤੁਧੁ ਆਪੇ ਸਿਰਜਿ ਸਭ
ਗੋਈ ॥ ਜਨੁ ਨਾਨਕੁ ਗੁਣ ਗਾਵੈ

ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ
॥ ੫ ॥ ੧ ॥ ਆਸਾ ਮਹਲਾ ੪ ॥ ਤੂੰ
ਕਰਤਾ ਸਚਿਆਰੁ ਮੈਡਾ ਸਾਂਈ ॥ ਜੋ
ਤਉ ਭਾਵੈ ਸੋਈ ਥੀਸੀ ਜੋ ਤੂੰ ਦੇਹਿ
ਸੋਈ ਹਉ ਪਾਈ ॥ ੧ ॥ ਰਹਾਉ ॥
ਸਭ ਤੇਰੀ ਤੂੰ ਸਭਨੀ ਧਿਆਇਆ ॥
ਜਿਸ ਨੋ ਕ੍ਰਿਪਾ ਕਰਹਿ ਤਿਨਿ ਨਾਮ
ਰਤਨੁ ਪਾਇਆ ॥ ਗੁਰਮੁਖਿ ਲਾਧਾ
ਮਨਮੁਖਿ ਗਵਾਇਆ ॥ ਤੁਧੁ ਆਪਿ
ਵਿਛੋੜਿਆ ਆਪਿ ਮਿਲਾਇਆ
॥ ੧ ॥ ਤੂੰ ਦਰੀਆਉ ਸਭ ਤੁਝ ਹੀ
ਮਾਹਿ ॥ ਤੁਝ ਬਿਨੁ ਦੂਜਾ ਕੋਈ

ਨਾਹਿ ॥ ਜੀਅ ਜੰਤ ਸਭਿ ਤੇਰਾ ਖੇਲੁ ॥ ਵਿਜੋਗਿ ਮਿਲਿ ਵਿਛੁੜਿਆ ਸੰਜੋਗੀ ਮੇਲੁ ॥ ੨ ॥ ਜਿਸ ਨੋ ਤੂ ਜਾਣਾਇਹਿ ਸੋਈ ਜਨੁ ਜਾਣੈ ॥ ਹਰਿ ਗੁਣ ਸਦ ਹੀ ਆਖਿ ਵਖਾਣੈ ॥ ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ॥ ਸਹਜੇ ਹੀ ਹਰਿ ਨਾਮਿ ਸਮਾਇਆ ॥ ੩ ॥ ਤੂ ਆਪੇ ਕਰਤਾ ਤੇਰਾ ਕੀਆ ਸਭੁ ਹੋਇ ॥ ਤੁਧੁ ਬਿਨੁ ਦੂਜਾ ਅਵਰੁ ਨ ਕੋਇ ॥ ਤੂ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਜਨ ਨਾਨਕ ਗੁਰਮੁਖਿ ਪਰਗਟੁ ਹੋਇ

॥ ੪ ॥ ੨ ॥ ਆਸਾ ਮਹਲਾ ੧ ॥
ਤਿਤੁ ਸਰਵਰੜੈ ਭਈਲੇ ਨਿਵਾਸਾ
ਪਾਣੀ ਪਾਵਕੁ ਤਿਨਹਿ ਕੀਆ ॥
ਪੰਕਜੁ ਮੋਹ ਪਗੁ ਨਹੀ ਚਾਲੈ ਹਮ
ਦੇਖਾ ਤਹ ਡੂਬੀਅਲੇ ॥ ੧ ॥
ਮਨ ਏਕੁ ਨ ਚੇਤਸਿ ਮੂੜ ਮਨਾ ॥
ਹਰਿ ਬਿਸਰਤ ਤੇਰੇ ਗੁਣ ਗਲਿਆ
॥ ੧ ॥ ਰਹਾਉ ॥ ਨਾ ਹਉ ਜਤੀ
ਸਤੀ ਨਹੀ ਪੜਿਆ ਮੂਰਖ ਮੁਗਧਾ
ਜਨਮੁ ਭਇਆ ॥ ਪ੍ਰਣਵਤਿ ਨਾਨਕ
ਤਿਨ ਕੀ ਸਰਣਾ ਜਿਨ ਤੂ ਨਾਹੀ
ਵੀਸਰਿਆ ॥ ੨ ॥ ੩ ॥

ਆਸਾ ਮਹਲਾ ੫ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥ ੧ ॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥ ੧ ॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥ ੨ ॥ ੪ ॥